# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :14-07-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਰੇਲਵੇ ਵਿੱਚ ਕਈ ਵੱਡੇ ਸੁਧਾਰਾਂ ਦਾ ਐਲਾਨ ਕੀਤਾ -ਕਿਹਾ ਖਾਦਾਂ ਨੂੰ ਹੁਣ ਰਵਾਇਤੀ ਬੰਦ ਮਾਲ ਗੱਡੀਆਂ ਦੀ ਬਜਾਏ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤੇ ਕੰਟੇਨਰਾਂ ਵਿੱਚ ਲਿਜਾਇਆ ਜਾਵੇਗਾ।

- ਪੰਜਾਬ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੌਰਾਨ, ਨਸ਼ਾ ਤਸਕਰਾਂ ਦੀ 847 ਕਰੋੜ ਰੁਪਏ ਦੀ ਜਾਇਦਾਦ ਨੂੰ ਜ਼ਬਤ ਕਰਕੇ ਢਾਹਿਆ -73 ਹਜ਼ਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ।

- ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਲਈ 80 ਕਰੋੜ ਰੁਪਏ ਰਾਖਵੇਂ ਰੱਖੇ -ਸੂਬੇ ਭਰ

ਵਿੱਚ 650 ਗੁਰੂ ਰਵਿਦਾਸ ਬਗੀਚੀਆਂ ਅਤੇ ਸਾਢੇ 6 ਲੱਖ ਬੂਟੇ ਲਾਏ ਜਾਣਗੇ।

- ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ -ਸੂਬਾ ਸਰਕਾਰ ਨਹਿਰੀ ਪਾਣੀ ਨੂੰ 100 ਫੀਸਦੀ ਟੇਲਾਂ ਤੱਕ ਪਹੁੰਚਾਉਣਾ ਯਕੀਨੀ ਬਣਾਏਗੀ।

- ਪੰਜਾਬ ਪੁਲਿਸ ਨੇ ਅਮ੍ਰਿਤਸਰ ਵਿਖੇ ਦੋ ਵੱਖ-ਵੱਖ ਮਾਮਲਿਆਂ 'ਚ, 5 ਤਸਕਰਾਂ ਨੂੰ, ਇੱਕ AK-47 ਰਾਈਫਲ, ਅਸਲੇ ਅਤੇ 30 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ।

- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਮੈਚਾਂ ਦੀ ਲੜੀ ਦਾ ਪਹਿਲਾ ਮੈਚ, ਅੱਜ ਬਰ-ਮਿੰਘਮ ਵਿੱਚ ਖੇਡਿਆ ਜਾ ਰਿਹਾ ਏ।

### *ਹੁਣ ਖਬਰਾਂ ਵਿਸਥਾਰ ਨਾਲ*

ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਰੇਲਵੇ ਵਿੱਚ ਕਈ ਵੱਡੇ ਸੁਧਾਰਾਂ ਦਾ ਐਲਾਨ ਕੀਤਾ ਏ । ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਸੰਬੋਧਨ

ਕਰਦਿਆਂ ਉਨ੍ਹਾਂ ਕਿਹਾ ਕਿ ਖਾਦਾਂ ਨੂੰ ਹੁਣ ਰਵਾਇਤੀ ਬੰਦ ਮਾਲ ਗੱਡੀਆਂ ਦੀ ਬਜਾਏ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤੇ ਕੰਟੇਨਰਾਂ ਵਿੱਚ ਲਿਜਾਇਆ ਜਾਵੇਗਾ। ਸ੍ਰੀ ਵੈਸ਼ਨਵ ਨੇ ਕਿਹਾ ਕਿ ਦੇਸ਼ ਵਿੱਚ ਖਾਦ ਦੀ 85 ਫੀਸਦੀ ਢੋਆ-ਢੁਆਈ ਰੇਲਵੇ ਰਾਹੀਂ ਕੀਤੀ ਜਾਂਦੀ ਹੈ। ਕੰਟੇਨਰਾਂ ਦੀ ਵਰਤੋਂ ਮਾਲ ਦੀ ਢੋਆ-ਢੁਆਈ ਅਤੇ ਭੰਡਾਰ ਨੂੰ ਸਰਲ ਬਣਾਏਗੀ ਅਤੇ ਪੂਰੇ ਰੈਕ ਨੂੰ ਰੋਕੇ ਬਿਨਾਂ ਵੱਖ ਵੱਖ ਕੰਟੇਨਰਾਂ ਨੂੰ ਰੱਖਿਆ ਜਾ ਸਕੇਗਾ ।

--------------------------------------------------------

ਪੰਜਾਬ ਸਰਕਾਰ ਨੇ ਆਪਣੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੌਰਾਨ, ਨਸ਼ਾ ਤਸਕਰਾਂ ਦੀ 847 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕਰਕੇ ਢਾਹ ਦਿੱਤੀ ਏ ਅਤੇ ਸੂਬੇ ਵਿੱਚ 73, ਹਜ਼ਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੇ 500 ਦਿਨ ਪੂਰੇ ਹੋਣ 'ਤੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਲੋਕਾਂ ਨੇ ਵੀ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਬਾਰੇ ਪੁਲਿਸ ਨੂੰ ਜਾਣਕਾਰੀ ਦੇ ਕੇ ਇਸ ਮੁਹਿੰਮ ਦਾ ਸਮਰਥਨ ਕੀਤਾ ਏ ।

BYTE

ਉਨ੍ਹਾਂ ਕਿਹਾ ਕਿ ਪਿਛਲੇ 4 ਸਾਲਾਂ ਵਿੱਚ, ਪੰਜਾਬ ਵਿੱਚ ਤਸਕਰਾਂ ਤੋਂ 6600 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਗਈ ਏ । ਇਹ ਪਾਕਿਸਤਾਨ ਤੋਂ ਡਰੋਨ ਰਾਹੀਂ ਅਤੇ ਕੁਝ ਹੋਰ ਸੂਬਿਆਂ ਤੋਂ ਵੀ ਤਸਕਰੀ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਸੂਬੇ ਨੇ 10 ਜੇਲ੍ਹਾਂ ਸਮੇਤ ਸੂਬੇ ਭਰ ਵਿੱਚ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਵੀ ਖੋਲ੍ਹੇ ਨੇ।

---------------------------------------------------------------

ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਵਿਆਪਕ ਪੱਧਰ 'ਤੇ ਮਨਾ ਰਹੀ ਏ । ਅੱਜ ਚੰਡੀਗੜ੍ਹ 'ਚ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮਹਾਨ ਸੰਤ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਬਰਾਬਰਤਾ ਦੇ ਸੰਦੇਸ਼ ਦੇ ਵੱਧ ਤੋਂ ਵੱਧ ਪਾਸਾਰ ਲਈ ਸਾਲ ਭਰ ਚੱਲਣ ਵਾਲੇ ਵਿਸ਼ੇਸ਼ ਸਮਾਗਮਾਂ ਦੀ ਯੋਜਨਾ ਉਲੀਕੀ ਗਈ ਏ । ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਮਾਗਮਾਂ ਲਈ ਪਹਿਲਾਂ ਹੀ 80 ਕਰੋੜ ਰੁਪਏ ਰਾਖਵੇਂ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸ਼ਾਨਦਾਰ ਸਮਾਗਮਾਂ ਦੀ ਯੋਜਨਾ ਪੜਾਅਵਾਰ ਢੰਗ ਨਾਲ ਉਲੀਕੀ ਗਈ ਏ ਅਤੇ ਇਹ ਸਮਾਗਮ ਸਾਲ ਭਰ ਜਾਰੀ ਰਹਿਣਗੇ, ਜਿਨ੍ਹਾਂ ਦਾ ਉਦੇਸ਼ ਸ੍ਰੀ ਗੁਰੂ

ਰਵਿਦਾਸ ਜੀ ਮਹਾਰਾਜ ਦੀਆਂ ਸਦੀਵੀਂ ਸਿੱਖਿਆਵਾਂ ਨੂੰ ਪੰਜਾਬ ਅਤੇ ਵਿਸ਼ਵ ਪੱਧਰ ਤੱਕ ਪਹੁੰਚਾਉਣਾ ਏ । ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸਕੂਲ ਪੱਧਰੀ ਮੁਕਾਬਲਿਆਂ ਤੋਂ ਇਲਾਵਾ 13,000 ਤੋਂ ਵੱਧ ਪਿੰਡਾਂ ਵਿੱਚ 30 ਮਿੰਟ ਦੀਆਂ ਡਾਕੂਮੈਂਟਰੀ ਫਿਲਮਾਂ ਵੀ ਦਿਖਾਈਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਜਾਣਕਾਰੀ ਦਿੱਤੀ ਕਿ ਜੁਲਾਈ ਤੋਂ ਨਵੰਬਰ ਤੱਕ ਸੂਬੇ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫਲਸਫੇ ਅਤੇ ਵਿਰਾਸਤ 'ਤੇ ਸੈਮੀਨਾਰ ਅਤੇ ਵਰਕਸ਼ਾਪਾਂ ਕਰਵਾਈਆਂ ਜਾਣਗੀਆਂ। ਸਰਕਾਰ ਵੱਲੋਂ ਪੰਜਾਬ ਭਰ ਵਿੱਚ 650 ਗੁਰੂ ਰਵਿਦਾਸ ਜੀ ਬਗੀਚੀਆਂ ਸਥਾਪਤ ਕੀਤੀਆਂ ਜਾਣਗੀਆਂ, 6.50 ਲੱਖ ਬੂਟੇ ਲਾਉਣ ਦੀ ਮੁਹਿੰਮ ਚਲਾਈ ਜਾਵੇਗੀ, ਅਗਸਤ ਮਹੀਨੇ ਵਿੱਚ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ "ਰਨ ਫਾਰ ਇਕੁਐਲਿਟੀ" ਮੈਰਾਥਨ ਅਤੇ ਸਤੰਬਰ ਵਿੱਚ ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਸਾਈਕਲ ਰੈਲੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਅਕਤੂਬਰ ਮਹੀਨੇ ਵਿੱਚ ਸੂਬੇ ਭਰ ਵਿੱਚ ਸਾਢੇ 6 ਲੱਖ ਯਾਦਗਾਰੀ ਝੰਡੇ ਵੰਡੇ ਜਾਣਗੇ। 5 ਤੋਂ 8 ਅਕਤੂਬਰ ਦਰਮਿਆਨ ਵਾਰਾਣਸੀ, ਫਰੀਦਕੋਟ, ਬਠਿੰਡਾ ਅਤੇ ਜੰਮੂ ਤੋਂ ਸ਼ੁਰੂ ਹੋ ਕੇ ਚਾਰ ਸ਼ੋਭਾ ਯਾਤਰਾਵਾਂ ਖੁਰਾਲਗੜ੍ਹ ਵਿਖੇ ਸਮਾਪਤ ਹੋਣਗੀਆਂ।

ਇਹ ਸਮਾਗਮ 9 ਤੋਂ 11 ਅਕਤੂਬਰ  ਤੱਕ ਖੁਰਾਲਗੜ੍ਹ ਵਿਖੇ ਤਿੰਨ ਰੋਜ਼ਾ ਸ਼ਾਨਦਾਰ ਰਾਜ ਪੱਧਰੀ ਸਮਾਗਮ ਨਾਲ ਸੰਪੰਨ ਹੋਣਗੇ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਇਨ੍ਹਾਂ ਸਮਾਗਮਾਂ ਨੂੰ ਪੂਰੀ ਸ਼ਰਧਾ ਅਤੇ ਜਾਹੋ-ਜਲਾਲ ਨਾਲ ਮਨਾਉਣ ਲਈ ਵਚਨਬੱਧ  ਏ।

------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹੁਣ ਸੂਬਾ ਸਰਕਾਰ ਨਹਿਰੀ ਪਾਣੀ ਨੂੰ 100 ਫੀਸਦੀ ਟੇਲਾਂ ਤੱਕ ਪਹੁੰਚਾਉਣਾ ਯਕੀਨੀ ਬਣਾਏਗੀ। ਉਨ੍ਹਾਂ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਕੰਢੀ ਇਲਾਕੇ ਦੇ ਪਿੰਡ ਦਾਤਾਰਪੁਰ ਵਿਖੇ ਕਰੀਬ 123 ਕਰੋੜ ਰੁਪਏ ਦੀ ਲਾਗਤ ਨਾਲ ਕੰਡੀ ਨਹਿਰ ਦੇ ਕਾਇਆਕਲਪ ਤੋਂ ਬਾਅਦ ਕਈ ਵਿਕਾਸ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕਰਨ ਮੌਕੇ ਇਹ ਗੱਲ ਕਹੀ। ਦਾਤਾਰਪੁਰ ਵਿੱਚ ਸ਼ਾਹ ਨਹਿਰ ਫੀਡਰ ਅਤੇ ਸ਼ਾਹ ਨਹਿਰ ਕੈਨਾਲ ਸਿਸਟਮ ਨਾਲ ਸਬੰਧਤ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਮੰਤਰੀ ਨੇ ਕਿਹਾ ਕਿ ਕੰਡੀ ਨਹਿਰ ਦੇ ਮੁੜ ਵਿਕਾਸ ਨਾਲ ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਕਿਸਾਨਾਂ ਨੂੰ ਵੱਡਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਲਗਭਗ 450 ਪਿੰਡਾਂ ਦੀ 1 ਲੱਖ 35 ਹਜ਼ਾਰ ਏਕੜ ਜ਼ਮੀਨ ਨੂੰ ਨਹਿਰੀ ਸਿੰਚਾਈ ਦਾ ਲਾਭ ਮਿਲਣਾ ਸ਼ੁਰੂ ਹੋ ਗਿਆ ਏ।

ਮੰਤਰੀ ਨੇ ਕਿਹਾ ਕਿ ਪਹਿਲਾਂ ਸਿਰਫ਼ 26 ਫੀਸਦੀ ਨਹਿਰੀ ਪਾਣੀ ਹੀ ਵਰਤਿਆ ਜਾਂਦਾ ਸੀ, ਪਰ ਹੁਣ ਇਹ ਅੰਕੜਾ ਵਧ ਕੇ 86 ਫੀਸਦੀ ਹੋ ਗਿਆ ਏ। ਉਨ੍ਹਾਂ ਦੱਸਿਆ ਕਿ 78 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਨਹਿਰਾਂ ਤੇ ਖਾਲਿਆਂ ਦੀ ਕੰਕਰੀਟ ਲਾਈਨਿੰਗ ਕੀਤੀ ਗਈ ਏ ਜਿਸ ਨਾਲ ਕਰੀਬ 150 ਪਿੰਡਾਂ ਦੀ 60 ਹਜ਼ਾਰ ਏਕੜ ਜ਼ਮੀਨ ਨੂੰ ਸਿੰਚਾਈ ਦੀ ਸੁਵਿਧਾ ਮਿਲੀ ਏ। ਉਨ੍ਹਾਂ ਦੱਸਿਆ ਕਿ ਲਿਫਟ ਸਿੰਚਾਈ ਯੋਜਨਾਵਾਂ ਲਈ ਸੂਰਜੀ ਊਰਜਾ ਆਧਾਰਿਤ ਪ੍ਰਣਾਲੀਆਂ ਵੀ ਲਗਾਈਆਂ ਗਈਆਂ ਹਨ, ਜਿਸ ਨਾਲ ਬਿਜਲੀ ਦੀ ਬਚਤ ਦੇ ਨਾਲ ਖੇਤਾਂ ਤੱਕ ਪਾਣੀ ਪਹੁੰਚਾਇਆ ਜਾ ਰਿਹਾ ਏ। ਨਾਲ ਹੀ ਹੁਸ਼ਿਆਰਪੁਰ ਦੇ ਛੇ ਡੈਮਾਂ ਵਿੱਚ ਡੀ-ਸਿਲਟਿੰਗ ਦਾ ਕੰਮ ਵੀ ਜਾਰੀ ਏ , ਜਿਸ ਨਾਲ ਜਲ ਭੰਡਾਰਨ ਸਮਰੱਥਾ ਅਤੇ ਸਿੰਚਾਈ ਦੀ ਸੁਵਿਧਾ ਹੋਰ ਵਧੇਗੀ।

---------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਇੱਕ ਗੈਰ-ਕਾਨੂੰਨੀ ਹਥਿਆਰਾਂ ਅਤੇ ਵਿਸਫੋਟਕ ਸਮਗਰੀ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਨੇ ਉਨ੍ਹਾਂ ਪਾਸੋਂ ਇੱਕ ਹੱਥ ਗੋਲਾ, ਇੱਕ AK-47 ਰਾਈਫਲ, 2 ਆਟੋਮੈਟਿਕ ਹਥਿਆਰ ਅਤੇ ਪੰਜ ਮੈਗਜ਼ੀਨ ਬਰਾਮਦ ਕੀਤੇ ਨੇ। ਇਕ

ਹੋਰ ਮਾਮਲੇ ਵਿਚ ਅੰਮ੍ਰਿਤਸਰ ਕਾਊਂਟਰ ਇੰਟੈਲੀਜੈਂਸ ਵਿੰਗ, ਨੇ ਦੋ ਕਾਰਕੁਨਾਂ ਨੂੰ 30 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਇੱਕ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਮੁਲਜ਼ਮ ਸਰਹੱਦ ਪਾਰ ਤਸਕਰਾਂ ਨਾਲ ਜੁੜੇ ਇੱਕ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਉਹ ਸਰਹੱਦ 'ਤੇ ਵੱਖ-ਵੱਖ ਥਾਵਾਂ ਤੋਂ ਹੈਰੋਇਨ ਦੀ ਖੇਪ ਇਕੱਠੀ ਕਰਨ ਅਤੇ ਪੰਜਾਬ ਭਰ ਵਿੱਚ ਦੂਜੀਆਂ ਧਿਰਾਂ ਨੂੰ ਪਹੁੰਚਾਉਣ ਵਿੱਚ ਸ਼ਾਮਲ ਸਨ। ਇਨਾ ਬਾਰੇ ਮਾਮਲੇ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---------------------------------------------------------------

ਭਾਰਤ ਸਰਕਾਰ ਦੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (MSME) ਮੰਤਰਾਲੇ ਅਧੀਨ ਲੁਧਿਆਣਾ ਦਾ ਕੌਮੀ ਐਸ.ਸੀ.-ਐਸ.ਟੀ. ਹੱਬ, PHD ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਪੰਜਾਬ ਦੇ ਸਹਿਯੋਗ ਨਾਲ, ਕੱਲ ਨੂੰ ਪਟਿਆਲਾ ਵਿਖੇ ਮੌਜੂਦਾ ਅਤੇ ਚਾਹਵਾਨ ਪੱਟੀਦਰਜ ਜਾਤਾਂ ਐਸ.ਸੀ.-ਅਤੇ ਪੱਟੀ ਦਰਜ ਕਬੀਲਿਆਂ ਐਸ.ਟੀ. ਭਾਈਚਾਰੇ ਦੇ ਉੱਦਮੀਆਂ ਲਈ ਇੱਕ "ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ" ਕਰ ਰਿਹਾ ਏ। ਇਸ ਪ੍ਰੋਗਰਾਮ ਦਾ ਉਦੇਸ਼ ਸਵੈ-

ਰੁਜ਼ਗਾਰ ਤੇ ਉੱਦਮਸ਼ੀਲਤਾ ਨੂੰ ਉਤਸ਼ਾਹਿਤ ਕਰਨਾ, ਵਪਾਰਕ ਮੌਕਿਆਂ ਨੂੰ ਵਧਾਉਣਾ ਅਤੇ ਐੱਸ.ਸੀ.-ਐੱਸ.ਟੀ. ਭਾਈਚਾਰੇ ਦੇ ਮੈਂਬਰਾਂ ਵਿੱਚ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨਾ ਏ । ਇਹ ਪਹਿਲਕਦਮੀ ਉੱਦਮੀਆਂ ਲਈ ਉਪਲਬਧ ਵੱਖ-ਵੱਖ ਸਰਕਾਰੀ ਸਕੀਮਾਂ, ਮਾਲੀ ਸਹਾਇਤਾ ਵਿਧੀਆਂ ਅਤੇ ਕਾਰੋਬਾਰ ਵਿਕਾਸ ਰਣਨੀਤੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਤਿਆਰ ਕੀਤੀ ਗਈ ਏ। ਪ੍ਰੋਗਰਾਮ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ, ਜਨਤਕ ਖੇਤਰ ਦੇ ਅਦਾਰਿਆਂ, ਮਾਲੀ ਅਤੇ ਸਿਖਲਾਈ ਸੰਸਥਾਵਾਂ ਦੇ ਮਾਹਿਰ ਅਤੇ ਨੁਮਾਇੰਦੇ ਸ਼ਾਮਲ ਹੋਣਗੇ, ਜੋ ਉੱਦਮਸ਼ੀਲਤਾ ਅਤੇ ਵਿਕਰੇਤਾ ਵਿਕਾਸ ਬਾਰੇ ਮਾਰਗ-ਦਰਸ਼ਨ ਕਰਨਗੇ ਅਤੇ ਜਾਣਕਾਰੀ ਸਾਂਝੀ ਕਰਨਗੇ।

---------------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਵਿਜਯਾ ਰਹਾਟਕਰ ਕੱਲ 15 ਅਤੇ 16 ਜੁਲਾਈ ਨੂੰ ਮੋਗਾ ਅਤੇ ਬਠਿੰਡਾ ਦਾ ਦੌਰਾ ਕਰਨਗੇ। ਇਸ ਦੌਰਾਨ ਉਹ ਮਹਿਲਾਵਾਂ ਦੀ ਸੁਰੱਖਿਆ, ਸ਼ਿਕਾਇਤ ਨਿਵਾਰਣ, ਲਿੰਗ ਸੰਵੇਦਨਸ਼ੀਲਤਾ ਅਤੇ ਵਿਭਾਗਾਂ ਦੇ ਆਪਸੀ ਤਾਲਮੇਲ ਨਾਲ ਸਬੰਧਤ ਵੱਖ-ਵੱਖ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕਰਨਗੇ। ਚੇਅਰਪਰਸਨ ਕੱਲ ਦੁਪਹਿਰ ਸਾਢੇ 12 ਵਜੇ ਤੋਂ 2  ਵਜੇ ਤੱਕ ਮੋਗਾ

ਨਗਰ ਨਿਗਮ ਦੇ ਕਮਿਊਨਿਟੀ ਹਾਲ ਵਿੱਚ ਅਤੇ 16 ਜੁਲਾਈ ਨੂੰ ਦੁਪਹਿਰ 12 ਵਜੇ ਤੋਂ ਡੇਢ  ਵਜੇ ਤੱਕ ਬਠਿੰਡਾ ਦੇ ਮਿੰਨੀ ਸਕੱਤਰੇਤ ਸਥਿਤ ਡੀਸੀ ਮੀਟਿੰਗ ਹਾਲ ਵਿੱਚ ਮਹਿਲਾ ਜਨ ਸੁਣਵਾਈ ਦੀ ਪ੍ਰਧਾਨਗੀ ਕਰਨਗੇ। ਇਸ ਜਨ ਸੁਣਵਾਈ ਰਾਹੀਂ ਮਹਿਲਾਵਾਂ ਨੂੰ ਆਪਣੀਆਂ ਸ਼ਿਕਾਇਤਾਂ ਪੇਸ਼ ਕਰਨ, ਸੰਸਥਾਗਤ ਸਹਾਇਤਾ ਪ੍ਰਾਪਤ ਕਰਨ ਅਤੇ ਸਮੇਂ ਸਿਰ ਨਿਵਾਰਣ ਲਈ ਮੰਚ ਮੁਹੱਈਆ ਕਰਵਾਇਆ ਜਾਵੇਗਾ। ਪਹਿਲਾਂ ਤੋਂ ਦਰਜ ਮਾਮਲਿਆਂ ਤੋਂ ਇਲਾਵਾ ਮੌਕੇ 'ਤੇ ਆਉਣ ਵਾਲੀਆਂ ਸ਼ਿਕਾਇਤਾਂ ਵੀ ਸਵੀਕਾਰ ਕੀਤੀਆਂ ਜਾਣਗੀਆਂ। ਚੇਅਰਪਰਸਨ ਬਠਿੰਡਾ ਵਿੱਚ ਕੇਂਦਰੀ ਜੇਲ੍ਹ ਦਾ ਦੌਰਾ ਕਰਨਗੇ ਅਤੇ "ਸ਼ੀ ਸਰਵਜ਼" ਪ੍ਰੋਗਰਾਮ ਵਿੱਚ ਹਿੱਸਾ ਲੈਣਗੇ। ਇਹ ਰਾਸ਼ਟਰੀ ਮਹਿਲਾ ਕਮਿਸ਼ਨ ਦਾ ਸਮਰੱਥਾ ਨਿਰਮਾਣ ਅਤੇ ਕਰੀਅਰ ਮਾਰਗਦਰਸ਼ਨ ਪ੍ਰੋਗਰਾਮ ਏ ਜਿਸ ਦਾ ਉਦੇਸ਼ ਭਾਰਤੀ ਸਸ਼ਸਤ੍ਰ ਬਲਾਂ ਅਤੇ ਰੱਖਿਆ ਸੇਵਾਵਾਂ ਵਿੱਚ ਕਰੀਅਰ ਬਣਾਉਣ ਦੀ ਇੱਛਾ ਰੱਖਣ ਵਾਲੀਆਂ ਨੌਜਵਾਨ ਮਹਿਲਾਵਾਂ ਨੂੰ ਚੋਣ ਪ੍ਰਕਿਰਿਆ ਅਤੇ ਸਿਖਲਾਈ ਦੇ ਮਾਰਗਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਹੈ। ਇਸ ਤੋਂ ਇਲਾਵਾ ਉਹਦੋਵਾਂ ਜ਼ਿਲਿਆਂ ਵਿਚ  "ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦਾ ਖਤਰਾ – ਮਹਿਲਾਵਾਂ 'ਤੇ ਪੈਣ ਵਾਲੇ ਬੋਝ ਨੂੰ ਸਮਝਣਾ" ਵਿਸ਼ੇ 'ਤੇ ਵਿਸ਼ੇਸ਼ ਸੈਸ਼ਨ ਵਿੱਚ ਸ਼ਿਰਕਤ ਕਰਨਗੇ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੇ ਸੀਨੀਅਰ ਅਧਿਕਾਰੀਆਂ

ਨਾਲ ਸਮੀਖਿਆ ਮੀਟਿੰਗ ਕਰਨਗੇ ਅਤੇ ਸਵੈ-ਸਹਾਇਤਾ ਸਮੂਹਾਂ ਦੀਆਂ ਮਹਿਲਾ ਲਾਭਪਾਤਰੀਆਂ ਨਾਲ ਗੱਲਬਾਤ ਕਰਨਗੇ।

---------------------------------------------------------

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਦੇ ਤਹਿਤ, ਕਪੂਰਥਲਾ ਜ਼ਿਲ੍ਹੇ ਵਿੱਚ ਪੈਂਦੇ ਚਾਰੇ ਵਿਧਾਨ ਸਭਾ ਹਲਕਿਆਂ ਵਿੱਚ ਬੀ.ਐੱਲ.ਓਜ਼. ਵੱਲੋਂ ਘਰ-ਘਰ ਜਾ ਕੇ ਸਮੂਹ ਵੋਟਰਾਂ ਨੂੰ ਗਣਨਾ ਫਾਰਮ ਵੰਡਣ ਮਗਰੋਂ ਫਾਰਮ ਵਾਪਸ ਪ੍ਰਾਪਤ ਕਰਕੇ ਮੋਬਾਈਲ ਐਪ ਰਾਹੀਂ ਕਈ ਬੂਥਾਂ ਦੇ 100 ਫੀਸਦੀ ਵੋਟਰਾਂ ਨੂੰ ਡਿਜੀਟਾਈਜ਼ ਕੀਤਾ ਜਾ ਚੁੱਕਾ ਏ । ਜ਼ਿਲਾ ਚੋਣ ਅਧਿਕਾਰੀ ਅਕਾਸ਼ ਬਾਂਸਲ ਨੇ ਦੱਸਿਆ ਕਿ ਕਈ ਬੂਥਾਂ ਦੇ ਡਿਜੀਟਾਈਜ਼ੇਸ਼ਨ ਦਾ ਕੰਮ 100 ਫੀਸਦੀ ਮੁਕੰਮਲ ਹੋਣ ਉਪਰੰਤ ਨਾ ਮੌਜੂਦ, ਦੂਜੀ ਥਾਂ ਤਬਦੀਲ ਹੋਏ, ਮ੍ਰਿਤਕ ਅਤੇ ਦੋਹਰੀ ਐਂਟਰੀ ਵਾਲੇ ਵੋਟਰਾਂ ਦੀਆਂ ਸੂਚੀਆਂ ਜ਼ਿਲ੍ਹਾ ਕਪੂਰਥਲਾ ਦੀ ਅਧਿਕਾਰਤ ਵੈੱਬਸਾਈਟ kapurthala.gov.in 'ਤੇ ਅਪਲੋਡ ਕੀਤੀਆਂ ਜਾ ਰਹੀਆਂ ਹਨ। ਉਹਨਾਂ ਲੋਕਾਂ ਨੂੰ ਇਸ ਸੂਚੀ ਦੀ ਜਾਂਚ ਜ਼ਰੂਰ ਕਰਨ ਦੀ ਅਪੀਲ ਕੀਤੀ ਏ । ਜੇਕਰ ਕੋਈ ਵੋਟਰ ਸਹੀ ਪਾਇਆ ਜਾਂਦਾ ਏ ਯਾਨੀ ਉਸਦਾ ਨਾਮ ਗਲਤੀ ਨਾਲ ਇਸ ਸੂਚੀ ਵਿੱਚ ਦਰਜ ਹੋ ਗਿਆ ਏ ਤਾਂ ਇਸ ਸਬੰਧੀ ਸਬੰਧਤ ਪੋਲਿੰਗ ਸਟੇਸ਼ਨ ਦੇ

ਬੀ.ਐੱਲ.ਓ. ਜਾਂ ਸਬੰਧਤ ਵਿਧਾਨ ਸਭਾ ਚੋਣ ਹਲਕੇ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਨੂੰ 24 ਜੁਲਾਈ  ਤੋਂ ਪਹਿਲਾਂ-ਪਹਿਲਾਂ ਸੂਚਿਤ ਕੀਤਾ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ  ਨਾ ਮੌਜੂਦ, ਹੋਰ ਥਾਂ ਤਬਦੀਲ ਹੋਏ, ਮ੍ਰਿਤਕ ਅਤੇ ਦੋਹਰੀ ਐਂਟਰੀ ਵਾਲੇ ਵੋਟਰਾਂ ਨੂੰ ਖਰੜਾ  ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ। ਇਸ ਲਈ ਸਮੂਹ ਨਾਗਰਿਕ ਵੋਟਰ ਸੂਚੀਆਂ ਦੀ ਜਾਂਚ ਲਾਜ਼ਮੀ ਤੌਰ 'ਤੇ ਕਰਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੀ ਵੀ ਤਰ੍ਹਾਂ ਦੀ ਜਾਣਕਾਰੀ ਲਈ ਵੋਟਰ ਹੈਲਪਲਾਈਨ ਟੋਲ-ਫ੍ਰੀ ਨੰਬਰ 1950 ਜਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਹੈਲਪਲਾਈਨ ਨੰਬਰ 01822-233777 'ਤੇ ਸੰਪਰਕ ਕੀਤਾ ਜਾ ਸਕਦਾ ਏ।

-----------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਮੈਚਾਂ ਦੀ ਲੜੀ ਦਾ ਪਹਿਲਾ ਮੈਚ, ਅੱਜ ਬਰ-ਮਿੰਘਮ ਵਿੱਚ ਖੇਡਿਆ ਜਾ ਰਿਹਾ ਏ। ਇੰਗਲੈਂਡ ਨੇ ਟਾਸ ਜਿੱਤ ਕੇ, ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਏ। ਤਾਜ਼ਾ ਖਬਰਾਂ ਮਿਲਣ ਸਮੇਂ ਤੱਕ ਇੰਗਲੈਂਡ ਨੇ 38 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ 'ਤੇ 192 ਦੌੜਾਂ ਬਣਾ ਲਈਆਂ ਸਨ। ਭਾਰਤੀ ਟੀਮ ਵਿੱਚ, ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਸਮੇਤ ਜਸਪ੍ਰੀਤ ਬੁਮਰਾਹ ਦੀ ਵਾਪਸੀ ਹੋਈ ਏ।

---

- ਰੇਲਵੇ ਮੰਤਰੀ ਅਸ਼ਵਨੀ ਵੈਸ਼ਨਵ ਨੇ ਰੇਲਵੇ ਵਿੱਚ ਕਈ ਵੱਡੇ ਸੁਧਾਰਾਂ ਦਾ ਐਲਾਨ ਕੀਤਾ -ਕਿਹਾ ਖਾਦਾਂ ਨੂੰ ਹੁਣ ਰਵਾਇਤੀ ਬੰਦ ਮਾਲ ਗੱਡੀਆਂ ਦੀ ਬਜਾਏ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤੇ ਕੰਟੇਨਰਾਂ ਵਿੱਚ ਲਿਜਾਇਆ ਜਾਵੇਗਾ।

- ਪੰਜਾਬ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਦੌਰਾਨ, ਨਸ਼ਾ ਤਸਕਰਾਂ ਦੀ 847 ਕਰੋੜ ਰੁਪਏ ਦੀ ਜਾਇਦਾਦ ਨੂੰ ਜ਼ਬਤ ਕਰਕੇ ਢਾਹਿਆ -73 ਹਜ਼ਾਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ।

- ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਲਈ 80 ਕਰੋੜ ਰੁਪਏ ਰਾਖਵੇਂ ਰੱਖੇ -ਸੂਬੇ ਭਰ ਵਿੱਚ 650 ਗੁਰੂ ਰਵਿਦਾਸ ਬਗੀਚੀਆਂ ਅਤੇ ਸਾਢੇ 6 ਲੱਖ ਬੂਟੇ ਲਾਏ ਜਾਣਗੇ।

- ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ -ਸੂਬਾ ਸਰਕਾਰ ਨਹਿਰੀ ਪਾਣੀ ਨੂੰ 100 ਫੀਸਦੀ ਟੇਲਾਂ ਤੱਕ ਪਹੁੰਚਾਉਣਾ ਯਕੀਨੀ ਬਣਾਏਗੀ।

- ਪੰਜਾਬ ਪੁਲਿਸ ਨੇ ਅਮ੍ਰਿਤਸਰ ਵਿਖੇ ਦੋ ਵੱਖ-ਵੱਖ ਮਾਮਲਿਆਂ 'ਚ, 5 ਤਸਕਰਾਂ ਨੂੰ, ਇੱਕ AK-47 ਰਾਈਫਲ, ਅਸਲੇ ਅਤੇ 30 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ।

- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਵਿਚਕਾਰ ਤਿੰਨ ਇੱਕ ਰੋਜ਼ਾ ਮੈਚਾਂ ਦੀ ਲੜੀ ਦਾ ਪਹਿਲਾ ਮੈਚ, ਅੱਜ ਬਰ-ਮਿੰਘਮ ਵਿੱਚ ਖੇਡਿਆ ਜਾ ਰਿਹਾ ਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**